# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ : 17-10-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਹਿੰਦੁਸਤਾਨ ਏਅਰੋਨਾਟਿਕਸ ਲਿਮਟਿਡ ਦੇ ਨਾਸਿਕ ਸਥਿਤ ਨਿਰਮਾਣ ਕੇਂਦਰ ਵਿੱਚ ਬਣੇ ਪਹਿਲੇ ਤੇਜਸ LCA Mk-1A ਲੜਾਕੂ ਜਹਾਜ਼ ਦਾ ਕੀਤਾ ਉਦਘਾਟਨ-ਕਿਹਾ
- ਇਹ ਜਹਾਜ਼, ਰੱਖਿਆ ਖੇਤਰ ਵਿੱਚ ਦੇਸ਼ ਦੀ ਆਤਮ - ਨਿਰਭਰਤਾ ਦਾ ਪ੍ਰਤੀਕ ਏ ।
- -ਚੰਡੀਗੜ੍ਹ ਦੀ ਸੀ.ਬੀ.ਆਈ ਅਦਾਲਤ ਨੇ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਗ੍ਰਿਫ਼ਤਾਰੀ ਤੋਂ ਬਾਅਦ ਪੰਜਾਬ ਪੁਲਿ ਦੇ DIG ਰੋਪੜ ਰੇਂਜ, ਹਰਚਰਨ ਸਿੰਘ ਭੁੱਲਰ ਨੂੰ ਅੱਜ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜਿਆ ।

- ਰਾਸ਼ਟਰੀ ਮਹਿਲਾ ਕਮਿਸ਼ਨ ਦੇ ਮੈਂਬਰ ਵੱਲੋਂ ਪਟਿਆਲਾ ‘ਚ ਮਹਿਲਾ ਜਨ ਸੁਣਵਾਈ ਕਿਹਾ - ਔਰਤਾਂ ਨੂੰ ਨਿਆਂ ਪ੍ਰਦਾਨ ਕਰਨ ‘ਚ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।
- ਤਰਨਤਾਰਨ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਦੇ ਪੰਜਵੇਂ ਦਿਨ ਛੇ ਨਾਮਜ਼ਦਗੀ ਪੱਤਰ ਦਾਖ਼ਲ ਹੋਏ।
- -ਫਿਰੋਜ਼ਪੁਰ ਡਿਵੀਜ਼ਨ ਦੇ ਰੇਲਵੇ ਸੁਰੱਖਿਆ ਬਲ ਨੇ 'ਆਪ੍ਰੇਸ਼ਨ ਨੰਨ੍ਹੇ ਫਰਿਸ਼ਤੇ' ਦੇ ਤਹਿਤ 143 ਲਾਪਤਾ, ਭਗੌੜੇ ਜਾਂ ਅਗਵਾ ਕੀਤੇ ਗਏ ਬੱਚਿਆਂ ਨੂੰ ਸੁਰੱਖਿਅਤ ਢੰਗ ਨਾਲ ਉਨ੍ਹਾਂ ਦੇ ਪਰਿਵਾਰਾਂ ਨਾਲ ਮਿਲਵਾਇਆ।

## <u>ਹੁਣ ਖਬਰਾਂ ਵਿਸਥਾਰ ਨਾਲ</u>

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਹਿੰਦੁਸਤਾਨ ਏਅਰੋਨਾਟਿਕਸ ਲਿਮਟਿਡ ਦੇ ਨਾਸਿਕ ਸਥਿਤ ਨਿਰਮਾਣ ਕੇਂਦਰ ਵਿੱਚ ਬਣੇ ਪਹਿਲੇ ਤੇਜਸ LCA Mk-1A ਲੜਾਕੂ ਜਹਾਜ਼ ਦਾ ਉਦਘਾਟਨ ਕੀਤਾ। ਇਸ ਮੌਕੇ 'ਤੇ, ਰੱਖਿਆ ਮੰਤਰੀ ਨੇ HTT-40 ਟ੍ਰੇਨਰ ਜਹਾਜ਼ ਨਿਰਮਾਣ ਇਕਾਈ ਦਾ ਉਦਘਾਟਨ ਵੀ ਕੀਤਾ। ਇਸ ਮੌਕੇ 'ਤੇ,ਰੱਖਿਆ ਮੰਤਰੀ ਨੇ ਨਾਸਿਕ ਡਿਵੀਜ਼ਨ ਵਿੱਚ ਨਿਰਮਿਤ ਸੁਖੋਈ-30, LCA, ਅਤੇ HTT-40 ਜਹਾਜ਼ਾਂ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਉਨ੍ਹਾਂ ਦੀ ਉਡਾਣ ਰੱਖਿਆ

ਖੇਤਰ ਵਿੱਚ ਆਤਮ -ਨਿਰਭਰਤਾ ਨੂੰ ਦਰਸਾਉਂਦੀ ਏ । ਉਨ੍ਹਾਂ ਨੇ ਰੱਖਿਆ ਉਤਪਾਦਨ ਵਿੱਚ ਆਤਮ-ਨਿਰਭਰਤਾ ਪ੍ਰਾਪਤ ਕਰਨ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ ਅਤੇ ਕਿਹਾ ਕਿ ਇਹ ਭਾਰਤ ਦਾ ਦੇਸ਼ ਦੇ ਅੰਦਰ ਸਾਰੇ ਰੱਖਿਆ ਉਪਕਰਣਾਂ ਦਾ ਨਿਰਮਾਣ ਕਰਨ ਦਾ ਸੰਕਲਪ ਏ । ਰੱਖਿਆ ਮੰਤਰੀ ਨੇ ਕਿਹਾ ਕਿ 2014 ਤੋਂ ਪਹਿਲਾਂ, 65 ਤੋਂ 70 ਫੀਸਦੀ ਰੱਖਿਆ ਉਪਕਰਣ ਦਰਾਮਦ ਕੀਤੇ ਜਾਂਦੇ ਸਨ। ਉਨ੍ਹਾਂ ਕਿਹਾ ਕਿ ਹੁਣ ਲਗਭਗ 65  ਫੀਸਦੀ  ਅਜਿਹੇ ਉਪਕਰਣ ਘਰੇਲੂ ਤੌਰ 'ਤੇ ਤਿਆਰ ਕੀਤੇ ਜਾ ਰਹੇ ਨੇ । ਰੱਖਿਆ ਮੰਤਰੀ ਨੇ ਕਿਹਾ ਕਿ ਤੇਜਸ LCA Mk1A ਲੜਾਕੂ ਜਹਾਜ਼ ਦੀ ਪਹਿਲੀ ਉਡਾਣ ਦੇਸ਼ ਦੇ ਰੱਖਿਆ ਨਿਰਮਾਣ ਵਿੱਚ ਆਤਮ -ਨਿਰਭਰਤਾ ਵੱਲ ਯਾਤਰਾ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਏ ।BYTE:

LCA Mk1A ਇੱਕ ਵਧੇਰੇ ਉੱਨਤ, ਬਹੁ-ਉਦੇਸ਼ੀ  ਲੜਾਕੂ ਜਹਾਜ਼ ਏ ਜੋ ਭਾਰਤੀ ਹਵਾਈ ਸੈਨਾ ਦੇ MiG-21 ਜਹਾਜ਼ ਦੀ ਥਾਂ ਲੈਣ ਲਈ ਤਿਆਰ ਕੀਤਾ ਗਿਆ ਏ ।

---------------------------------------------------------------------------------------

ਚੰਡੀਗੜ੍ਹ ਦੀ ਸੀ.ਬੀ.ਆਈ ਅਦਾਲਤ ਨੇ ਕੱਲ੍ਹ ਇੱਕ ਹਾਈ-ਪ੍ਰੋਫਾਈਲ ਭ੍ਰਿਸ਼ਟਾਚਾਰ ਮਾਮਲੇ ਵਿੱਚ ਗ੍ਰਿਫ਼ਤਾਰੀ ਤੋਂ ਬਾਅਦ ਪੰਜਾਬ ਪੁਲਿਸ ਵਿਚ

ਰੋਪੜ ਰੇਂਜ ਦੇ DIG ਹਰਚਰਨ ਸਿੰਘ ਭੁੱਲਰ ਨੂੰ ਅੱਜ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜ ਦਿੱਤਾ ਏ । ਆਈ.ਪੀ.ਐਸ ਅਧਿਕਾਰੀ ਨੂੰ ਕ੍ਰਿਸ਼ਨੂ ਸ਼ਾਰਦਾ ਨਾਮਕ ਇੱਕ ਵਿਚੋਲੇ ਦੇ ਨਾਲ ਵੀਰਵਾਰ ਨੂੰ ਇੱਕ ਸਕ੍ਰੈਪ ਵਪਾਰੀ ਤੋਂ ਉਸਦੇ ਖਿਲਾਫ ਇੱਕ ਪੁਰਾਣੇ ਪੁਲਿਸ ਮਾਮਲੇ ਨੂੰ ਹਮੇਸ਼ਾ ਲਈ ਨਿਪਟਾਉਣ ਲਈ 8 ਲੱਖ ਰੁਪਏ ਦੀ ਰਿਸ਼ਵਤ ਮੰਗਣ ਅਤੇ ਲੈਣ ਦੇ ਦੋਸ਼ ਵਿੱਚ ਗ੍ਰਿਫ਼ਤਾਰ ਕੀਤਾ ਗਿਆ ਸੀ। ਗ੍ਰਿਫ਼ਤਾਰੀ ਤੋਂ ਬਾਅਦ, ਸੀ.ਬੀ.ਆਈ ਨੇ ਹਰਚਰਨ ਸਿੰਘ ਭੁੱਲਰ ਦੇ ਚੰਡੀਗੜ੍ਹ ਸਥਿਤ ਘਰ 'ਤੇ ਛਾਪਾ ਮਾਰਿਆ ਅਤੇ ਲਗਭਗ 5 ਕਰੋੜ ਰੁਪਏ ਨਕਦ, ਡੇਢ ਕਿਲੋ ਕੀਮਤੀ ਗਹਿਣੇ, ਅਚੱਲ ਜਾਇਦਾਦ ਨਾਲ ਸਬੰਧਤ ਦਸਤਾਵੇਜ਼, ਗੋਲਾ ਬਾਰੂਦ ਸਮੇਤ ਕਈ ਹਥਿਆਰ ਅਤੇ ਹੋਰ ਲਗਜ਼ਰੀ ਸਮਾਨ ਜ਼ਬਤ ਕੀਤਾ ਏ ।

--------------------------------------------------------------------------------

ਰਾਸ਼ਟਰੀ ਮਹਿਲਾ ਕਮਿਸ਼ਨ ਦੀ ਦੇਸ਼ ਵਿਆਪੀ ਪਹੁੰਚ ਪਹਿਲਕਦਮੀ 'ਮਹਿਲਾ ਆਯੋਗ ਆਪਕੇ ਦੁਆਰ' ਦੇ ਹਿੱਸੇ ਵਜੋਂ, ਕਮਿਸ਼ਨ ਦੀ ਮੈਂਬਰ ਮਮਤਾ ਕੁਮਾਰੀ ਨੇ ਅੱਜ ਪੁਲਿਸ ਲਾਈਨਜ਼, ਪਟਿਆਲਾ ਵਿਖੇ ਮਹਿਲਾ ਜਨਤਕ ਸੁਣਵਾਈ ਕੀਤੀ। ਇਸ ਦੌਰਾਨ, ਲਗਭਗ 40 ਮਹਿਲਾ ਸ਼ਿਕਾਇਤਕਰਤਾਵਾਂ, ਕਮਿਸ਼ਨ ਦੇ ਸਾਹਮਣੇ ਪੇਸ਼ ਹੋਈਆਂ ਅਤੇ ਘਰੇਲੂ ਹਿੰਸਾ, ਸੋਸ਼ਣ, ਦਾਜ ਅਤੇ ਹੋਰਨਾਂ ਮੁੱਦਿਆਂ ਨਾਲ ਸਬੰਧਤ ਆਪਣੀਆਂ

ਸ਼ਿਕਾਇਤਾਂ ਪੇਸ਼ ਕੀਤੀਆਂ। ਮਮਤਾ ਕੁਮਾਰੀ ਨੇ ਹਰੇਕ ਮਾਮਲੇ ਦੀ ਸਹਿਜਤਾ ਨਾਲ ਸੁਣਵਾਈ ਕੀਤੀ ਅਤੇ ਜ਼ਿਲ੍ਹਾ ਪੁਲਿਸ ਅਧਿਕਾਰੀਆਂ ਨੂੰ ਨਿਰਪੱਖ ਅਤੇ ਸਮਾਂਬੱਧ ਜਾਂਚ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਮਹਿਲਾ ਕਮਿਸ਼ਨ ਨੇ ਔਰਤਾਂ ਨੂੰ ਨਿਆਂ ਪ੍ਰਦਾਨ ਕਰਨ ਵਿੱਚ ਦੇਰੀ ਬਰਦਾਸ਼ਤ ਨਾ ਕਰਨ 'ਤੇ ਜ਼ੋਰ ਦਿੱਤਾ । ਇਨ੍ਹਾਂ ਕੈਂਪਾਂ ਦਾ ਕਮਿਸ਼ਨ ਦਾ ਮੁੱਖ ਉਦੇਸ਼ ਜ਼ਮੀਨੀ ਪੱਧਰ 'ਤੇ ਔਰਤਾਂ ਨੂੰ ਨਿਆਂ ਪ੍ਰਦਾਨ ਕਰਨਾ, ਉਨ੍ਹਾਂ ਦੀਆਂ ਸ਼ਿਕਾਇਤਾਂ ਦਾ ਤੁਰੰਤ ਨਿਪਟਾਰਾ ਯਕੀਨੀ ਬਣਾਉਣਾ ਅਤੇ ਔਰਤਾਂ ਨਾਲ ਸਬੰਧਤ ਮਾਮਲਿਆਂ ਵਿੱਚ ਲਾਪਰਵਾਹੀ ਲਈ ਅਧਿਕਾਰੀਆਂ ਨੂੰ ਜਵਾਬਦੇਹ ਬਣਾਉਣਾ ਏ । ਕੌਮੀ ਮਹਿਲਾ ਮੈਂਬਰ ਨੇ ਕਈ ਮਾਮਲਿਆਂ ਵਿੱਚ ਮੌਕੇ 'ਤੇ ਨਿਰਦੇਸ਼ ਵੀ ਜਾਰੀ ਕਰਦਿਆਂ ਪੁਲਿਸ ਅਧਿਕਾਰੀਆਂ ਨੂੰ ਜਾਂਚ ਕਮੇਟੀਆਂ ਬਣਾਉਣ ਦੇ ਨਿਰਦੇਸ਼ ਦਿੱਤੇ, ਅਤੇ ਕੁਝ ਮਾਮਲਿਆਂ ਵਿੱਚ ਪੁਲਿਸ ਅਧਿਕਾਰੀਆਂ ਤੋਂ ਵਾਧੂ ਰਿਪੋਰਟਾਂ ਵੀ ਮੰਗੀਆਂ। ਆਪਣੇ ਇਸ ਦੌਰੇ ਦੇ ਹਿੱਸੇ ਵਜੋਂ, ਮਮਤਾ ਕੁਮਾਰੀ ਨੇ ਕੇਂਦਰੀ ਜੇਲ੍ਹ, ਪਟਿਆਲਾ ਦਾ ਵੀ ਨਿਰੀਖਣ ਕੀਤਾ, ਮਹਿਲਾ ਕੈਦੀਆਂ ਨਾਲ ਗੱਲਬਾਤ ਕੀਤੀ ਅਤੇ ਉਨ੍ਹਾਂ ਦੇ ਰਹਿਣ-ਸਹਿਣ ਦੀ ਸਥਿਤੀ ਦਾ ਜਾਇਜ਼ਾ ਲਿਆ। ਮਮਤਾ ਕੁਮਾਰੀ ਨੇ ਔਰਤਾਂ ਦੇ ਮੁੱਦਿਆਂ ਨੂੰ ਹੱਲ ਕਰਨ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਔਰਤਾਂ ਦੇ ਨਿਆਂ, ਸੁਰੱਖਿਆ ਅਤੇ ਸਸ਼ਕਤੀਕਰਨ ਨੂੰ ਯਕੀਨੀ ਬਣਾਉਣ

ਲਈ ਵੱਖ-ਵੱਖ ਖੇਤਰਾਂ ਵਿਭਾਗਾਂ ਦਰਮਿਆਨ ਵਧੇਰੇ ਤਾਲਮੇਲ ‘ਤੇ ਜ਼ੋਰ ਦਿੱਤਾ।

-------------------------------------------------------------------------------

ਪੰਜਾਬ ਵਿਧਾਨ ਸਭਾ ਦੀ ਤਰਨਤਾਰਨ ਸੀਟ ਦੀ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਦੇ ਪੰਜਵੇਂ ਦਿਨ 6 ਨਾਮਜ਼ਦਗੀ ਪੱਤਰ ਦਾਖਲ ਹੋਏ ਨੇ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਦਫ਼ਤਰ ਦੇ ਇੱਕ ਬੁਲਾਰੇ ਨੇ ਦੱਸਿਆ ਕਿ ਤਰਨ ਤਾਰਨ ਸੀਟ ਲਈ ਲਈ ਅੱਜ ਭਾਰਤੀ ਜਨਤਾ ਪਾਰਟੀ ਤੋਂ ਉਮੀਦਵਾਰ ਹਰਜੀਤ ਸਿੰਘ ਸੰਧੂ ਨੇ ਨਾਮਜ਼ਦਗੀ ਪੱਤਰ ਦਾਖਲ ਕੀਤਾ। ਇਸ ਤੋਂ ਇਲਾਵਾ ਆਮ ਆਦਮੀ ਪਾਰਟੀ ਤੋਂ ਉਮੀਦਵਾਰ ਹਰਮੀਤ ਸਿੰਘ ਸੰਧੂ ਨੇ ਦੋ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਨੇ। ਰਾਜੇਸ਼ ਵਾਲੀਆ ਵੱਲੋਂ ਉਨ੍ਹਾਂ ਦੇ ਕਵਰਿੰਗ ਉਮੀਦਵਾਰ ਵੱਲੋਂ ਨਾਮਜ਼ਦਗੀ ਪੱਤਰ ਦਾਖ਼ਲ ਕੀਤੇ ਗਏ ਨੇ। ਉੱਥੇ ਹੀ ਸੱਚੋ ਸੱਚ ਪਾਰਟੀ ਤੋਂ ਉਮੀਦਵਾਰ ਸ਼ਾਮ ਲਾਲ ਗਾਂਧੀ ਨੇ ਨਾਮਜ਼ਦਗੀ ਦਾਖ਼ਲ ਕੀਤੀ ਏ। ਜ਼ਿਕਰਯੋਗ ਏ ਕਿ ਇੰਡੀਅਨ ਨੈਸ਼ਨਲ ਕਾਂਗਰਸ ਦੇ ਉਮੀਦਵਾਰ ਕਰਨਬੀਰ ਸਿੰਘ ਨੇ ਅੱਜ ਇੱਕ ਹੋਰ ਨਾਮਜ਼ਦਗੀ ਪੱਤਰ ਦਾਖਲ ਕੀਤਾ ਏ। ਇਸ ਤੋਂ ਪਹਿਲਾਂ ਉਨ੍ਹਾਂ ਵੱਲੋਂ 15 ਅਕਤੂਬਰ ਨੂੰ ਵੀ ਨਾਮਜ਼ਦਗੀ ਪੱਤਰ ਦਾਖਲ ਕੀਤੇ ਗਏ ਸਨ। ਨਾਮਜ਼ਦਗੀਆਂ ਭਰਨ ਦੀ ਆਖਰੀ ਤਰੀਕ 21 ਅਕਤੂਬਰ ਏ ਜਦਕਿ ਨਾਮਜ਼ਦਗੀ ਪੱਤਰਾਂ ਦੀ ਪੜਤਾਲ 22 ਅਕਤੂਬਰ ਨੂੰ ਕੀਤੀ ਜਾਵੇਗੀ।

ਨਾਮਜ਼ਦਗੀ ਪੱਤਰ ਵਾਪਿਸ ਲੈਣ ਦੀ ਅੰਤਿਮ  ਤਰੀਕ 24 ਅਕਤੂਬਰ, ਏ।

--------------------------------------------------------------------------------

ਸਿਹਤ ਅਤੇ ਪਰਿਵਾਰ ਭਲਾਈ ਮੰਤਰੀ, ਜੇ.ਪੀ. ਨੱਡਾ ਨੇ ਅਜਿਹੀਆਂ ਸੱਟਾਂ ਤੇ ਹਾਦਸਿਆਂ ਨੂੰ ਰੋਕਣ ਲਈ   ਸਰਕਾਰ ਦੀ ਵਚਨਬੱਧਤਾ ਦੁਹਰਾਈ ਏ, ਜਿਨਾਂ ਵਿੱਚ ਹਰ ਸਾਲ ਅਣਗਿਣਤ ਜਾਨਾਂ ਜਾਂਦੀਆਂ ਨੇ। ਵਿਸ਼ਵ ਸਦਮਾ ਦਿਵਸ ਦੇ ਮੌਕੇ 'ਤੇ, ਸ਼੍ਰੀ ਨੱਡਾ ਨੇ ਕਿਹਾ ਕਿ ਇਹ ਦਿਨ ਐਮਰਜੈਂਸੀ ਪ੍ਰਤੀਕਿਰਿਆ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ ਅਤੇ ਜਨਤਕ ਜਾਗਰੂਕਤਾ ਵਧਾਉਣ ਦੀ ਯਾਦ ਦਿਵਾਉਂਦਾ ਏ। ਉਨ੍ਹਾਂ ਕਿਹਾ ਕਿ ਸਰਕਾਰ ਦੇਸ਼ ਵਿੱਚ ਸਦਮਾ ਦੇਖਭਾਲ ਸਿਹਤ ਸਹੂਲਤਾਂ ਅਤੇ ਜਲਣ ਸੱਟ ਵਿਭਾਗਾਂ ਨੂੰ ਮਜ਼ਬੂਤ ਕਰਨ ਲਈ ਸਦਮਾ ਅਤੇ ਜਲਣ ਸੱਟ ਪ੍ਰਬੰਧਨ ਅਤੇ ਰੋਕਥਾਮ ਬਾਰੇ ਰਾਸ਼ਟਰੀ ਪ੍ਰੋਗਰਾਮ ਲਾਗੂ ਕਰ ਰਹੀ ਏ। ਇਸ ਸਾਲ ਦੇ ਵਿਸ਼ਵ ਸਦਮਾ ਦਿਵਸ ਦਾ ਵਿਸ਼ਾ  : ਸਦਮਾ ਦੇਖਭਾਲ ਰਾਹੀਂ ਇੱਕ ਸੁਰੱਖਿਅਤ ਭਵਿੱਖ ਦਾ ਨਿਰਮਾਣ ਰੱਖਿਆ ਗਿਆ  ਏ।

--------------------------------------------------------------------------------

ਫਿਰੋਜ਼ਪੁਰ ਡਿਵੀਜ਼ਨ ਦੀ ਰੇਲਵੇ ਸੁਰੱਖਿਆ ਬਲ ਨੇ ਇਸ ਵਿੱਤੀ ਸਾਲ ਦੇ ਅਪ੍ਰੈਲ ਤੋਂ ਸਤੰਬਰ ਮਹੀਨੇ ਵਿਚਕਾਰ 'ਆਪ੍ਰੇਸ਼ਨ ਨੰਨ੍ਹੇ ਫਰਿਸ਼ਤੇ' ਦੇ ਤਹਿਤ 143 ਲਾਪਤਾ, ਭਗੌੜੇ ਜਾਂ ਅਗਵਾ ਕੀਤੇ ਗਏ ਬੱਚਿਆਂ ਨੂੰ

ਸੁਰੱਖਿਅਤ ਢੰਗ ਨਾਲ ਉਨ੍ਹਾਂ ਦੇ ਪਰਿਵਾਰਾਂ ਨਾਲ ਮਿਲਵਾਇਆ ਏ । ਰੇਲਵੇ ਸੁਰੱਖਿਆ ਬਲ ਨੇ ਮੁਸਾਫ਼ਰਾਂ ਦੀ ਸੁਰੱਖਿਆ ਅਤੇ ਸੰਵੇਦਨਸ਼ੀਲ ਸਹੂਲਤਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਕਈ ਆਪ੍ਰੇਸ਼ਨ ਸ਼ੁਰੂ ਕੀਤੇ ਹੋਈ ਹਨ। ਅਜਿਹੇ ਹੀ ਇਕ 'ਆਪ੍ਰੇਸ਼ਨ ਅਮਾਨਤ' ਦੇ ਤਹਿਤ, 361 ਮਾਮਲਿਆਂ ਵਿੱਚ 43 ਲੱਖ 83 ਹਾਜ਼ਰ ਰੁਪਏ ਤੋਂ ਵੱਧ ਦੀਆਂ ਗੁਆਚੀਆਂ ਚੀਜ਼ਾਂ ਬਰਾਮਦ ਕਰਕੇ ਮੁਸਾਫ਼ਰਾਂ ਨੂੰ ਵਾਪਸ ਕੀਤੀਆਂ ਹਨ । ਰੇਲਗੱਡੀਆਂ ਵਿਚ ਚੋਰੀਆਂ ਕਰਨ ਵਾਲਿਆਂ ਵਿਰੁੱਧ ਵੀ ਸਖ਼ਤ ਕਾਰਵਾਈ ਕੀਤੀ ਗਈਆਂ ਹਨ । ਇਸਦੇ ਨਾਲ ਨਾਲ RPF ਵਲੋਂ ਲੋਕਾਂ ਨੂੰ ਓਹਨਾ ਦੀ ਸੁਰੱਖਿਆ ਲਈ ਜਾਗਰੂਕ ਕਰਨ ਬਾਰੇ ਵੀ ਕਈ ਅਭਿਆਨ ਚਲਾਏ ਜਾਂਦੇ ਨੇ ।

---------------------------------------------------------------------------------

**BREAK**

**ਇਹ ਖਬਰਾਂ ਤੁਸੀਂ ਅਕਾਸ਼ਵਾਣੀ ਤੋਂ ਸੁਣ ਰਹੇ ਓ ।**

**>ਸਾਡਾ X ਹੈਂਡਲ ਏ**

**AT THE RATE AIR RNU JALANDHAR**

**>ਸਾਡਾ FACEBOOK PAGE ਏ -**

**RNU HYPHEN AIR JALANDHAR**

**ਅਤੇ**

**>YOUTUBE ਤੇ ਸਾਡਾ CHANNEL ਏ -**

**AT THE RATE AIR JALANDHAR**

---

ਪੰਜਾਬ ਦੇ ਗੈਂਗਸਟਰ ਵਿਰੋਧੀ ਕਾਰਜ ਬਲ ਨੇ ਅੰਮ੍ਰਿਤਸਰ ਦਿਹਾਤੀ ਪੁਲਿਸ ਨਾਲ ਇੱਕ ਸਾਂਝੇ ਆਪ੍ਰੇਸ਼ਨ ਵਿੱਚ, ਗੈਂਗਸਟਰ ਜਸਵੀਰ ਸਿੰਘ ਉਰਫ ਲੱਲਾ ਨੂੰ ਗ੍ਰਿਫਤਾਰ ਕੀਤਾ ਏ - ਜੋ ਕਿ ਵਿਦੇਸ਼ੀ ਅਧਾਰਤ ਗੈਂਗਸਟਰ ਹਰਪ੍ਰੀਤ ਸਿੰਘ ਉਰਫ ਹੈਪੀ ਜੱਟ ਅਤੇ ਬੰਬੀਹਾ ਗੈਂਗ ਦਾ ਇੱਕ ਮੁੱਖ ਸਾਥੀ ਏ । ਮੁੱਢਲੀ ਪੁੱਛਗਿੱਛ ਤੋਂ ਪਤਾ ਲੱਗਿਆ ਏ ਕਿ ਜਸਵੀਰ ਸਿੰਘ ਨੂੰ ਉਸਦੇ ਵਿਦੇਸ਼ੀ ਹੈਂਡਲਰ ਵਿਰੋਧੀ ਗੈਂਗ ਦੇ ਮੈਂਬਰਾਂ ਨੂੰ ਨਿਸ਼ਾਨਾ ਬਣਾਉਣ ਲਈ ਨਿਰਦੇਸ਼ਿਤ ਕਰ ਰਹੇ ਹਨ। ਉਹ ਕਤਲ, ਪੁਲਿਸ ਕਰਮਚਾਰੀਆਂ 'ਤੇ ਹਮਲੇ ਅਤੇ ਹੋਰ ਅਪਰਾਧਿਕ ਮਾਮਲਿਆਂ ਵਿੱਚ ਸ਼ਾਮਲ ਏ । ਪੁਲਿਸ ਨੇ ਉਸ ਕੋਲੋਂ ਇਕ ਵਿਦੇਸ਼ੀ ਪਿਸਤੌਲ ਅਤੇ 8 ਜ਼ਿੰਦਾ ਕਾਰਤੂਸ ਬਰਾਮਦ ਕੀਤੇ ਨੇ ।

---

ਜਲੰਧਰ ਕਮਿਸ਼ਨਰੇਟ ਪੁਲਿਸ ਨੇ ਇੱਕ ਮੁਲਜ਼ਮ ਨੂੰ ਗੈਰ-ਕਾਨੂੰਨੀ

ਹਥਿਆਰ ਸਮੇਤ ਕਾਬੂਕੀਤਾ ਏ। ਪੁਲਿਸ ਕਮਿਸ਼ਨਰ  ਧੰਨਪ੍ਰੀਤ ਕੌਰ ਨੇ ਦੱਸਿਆ ਕਿ ਸੀ.ਆਈ.ਏ. ਸਟਾਫ਼ ਦੀ ਟੀਮ ਨੇ ਨਾਕਾਬੰਦੀ ਦੌਰਾਨ ਸ਼ੱਕ ਦੇ ਆਧਾਰ ’ਤੇ ਇੱਕ ਵਿਅਕਤੀ ਨੂੰ ਰੋਕ ਕੇ ਪੁੱਛਗਿੱਛ ਕੀਤੀ ਗਈ, ਤਾਂ ਤਲਾਸ਼ੀ ਦੌਰਾਨ ਉਸਦੇ ਕਬਜ਼ੇ ਵਿਚੋਂ ਇਕ ਪਿਸਤੌਲ  ਅਤੇ 4 ਜ਼ਿੰਦਾ ਰੌਂਦ ਬਰਾਮਦ ਹੋਏ।  ਮੁਲਜ਼ਮ ਦੀ ਪਛਾਣ ਜ਼ਿਲ੍ਹਾ ਗੁਰਦਾਸਪੁਰ ਦੇ ਸਾਗਰ ਮਸੀਹ ਉਰਫ਼ ਬਾਗੀ ਵਜੋਂ ਹੋਈ। ਇਸ ਸਬੰਧੀ ਮੁਕੱਦਮਾ  ਦਰਜ ਕੀਤਾ ਗਿਆ ਏ।

---------------------------------------------------------------------------

ਕੀਰਤਪੁਰ ਸਾਹਿਬ ਦੇ ਮੁੱਢਲੇ ਸਿਹਤ ਕੇਂਦਰ ਦੀ ਟੀਮ ਵੱਲੋਂ 13 ਤਾਰੀਖ਼ ਤੋਂ ਮਨਾਏ ਜਾ ਰਹੇ "ਸੀ.ਪੀ.ਆਰ ਜਾਗਰੂਕਤਾ ਹਫ਼ਤੇ" ਦੌਰਾਨ ਕਰੀਬ 350 ਵਿਅਕਤੀਆਂ ਨੂੰ ਸੀ.ਪੀ.ਆਰ ਦੀ ਸਿਖਲਾਈ ਦਿੱਤੀ ਗਈ। ਸੀਨੀਅਰ ਮੈਡੀਕਲ ਅਫ਼ਸਰ ਡਾਕਟਰ ਜੰਗਜੀਤ ਸਿੰਘ ਨੇ ਦੱਸਿਆ ਕਿ ਰੂਪਨਗਰ ਦੇ ਸਿਵਲ ਸਰਜਨ ਡਾ. ਸੁਖਵਿੰਦਰਜੀਤ ਸਿੰਘ ਦੀ ਅਗਵਾਈ ਵਿੱਚ ਹਫ਼ਤਾਭਰ ਚੱਲੀ ਇਸ ਜਾਗਰੂਕਤਾ ਮੁਹਿੰਮ ਦੌਰਾਨ ਬਲਾਕ ਕੀਰਤਪੁਰ ਸਾਹਿਬ ਦੀ ਟੀਮ ਵੱਲੋਂ ਲੋਕਾਂ ਨੂੰ ਸੀ.ਪੀ.ਆਰ ਦੀ ਸਿਖਲਾਈ ਦੇਣ ਦੇ ਨਾਲ ਨਾਲ, ਕੁਇੱਜ਼, ਪੋਸਟਰ ਮੇਕਿੰਗ ਅਤੇ ਸਹੁੰ ਚੁੱਕਣ ਸਮੇਤ ਵੱਖ ਵੱਖ ਗਤੀਵਿਧੀਆਂ ਰਾਹੀਂ ਜੀਵਨ ਰੱਖਿਅਕ ਪ੍ਰਕਿਰਿਆ CPR ਨਾਲ ਜਾਣੂ ਕਰਵਾਇਆ ਗਿਆ। ਉਹਨਾਂ ਦੱਸਿਆ ਕਿ ਇਸ ਮੁਹਿੰਮ ਦਾ ਉਦੇਸ਼

ਹਰ ਘਰ, ਸਕੂਲ, ਦਫ਼ਤਰ ਅਤੇ ਜਨਤਕ ਥਾਂ ’ਤੇ ਘੱਟੋ ਘੱਟ ਇੱਕ ਵਿਅਕਤੀ ਨੂੰ ਜੀਵਨ ਰੱਖਿਅਕ ਪ੍ਰਕਿਰਿਆ CPR ਦੇਣ ਦੇ ਯੋਗ , ਸਮਰੱਥ ਬਣਾਉਣਾ ਹੈ ਤਾਂ ਜੋ ਲੋੜ ਪੈਣ 'ਤੇ ਦਿਲ ਦੇ ਰੋਗੀਆਂ ਨੂੰ ਤੁਰੰਤ ਡਾਕਟਰੀ ਸਹਾਇਤਾ ਮਿਲਣ ਤੱਕ CPR ਦੇ ਕੇ ਬਚਾਇਆ ਜਾ ਸਕੇ ।

------------------------------------------------------------------------------------

ਪੀ.ਏ.ਪੀ. ਸਿਖ਼ਲਾਈ ਕੇਂਦਰ, ਜਲੰਧਰ ਛਾਉਣੀ ਵਿਖੇ ਕਮਾਡੈਂਟ ਸਿਖ਼ਲਾਈ ਕੁਲਜੀਤ ਸਿੰਘ ਦੀ ਦੇਖ-ਰੇਖ ਹੇਠ ਅੱਜ ਬੈਚ ਨੰਬਰ 184 ਦੇ ਰਿਕਰੂਟ ਸਿਪਾਹੀਆਂ ਦੀ ਪਾਸਿੰਗ ਆਊਟ ਪਰੇਡ ਹੋਈ, ਜਿਸ ਵਿੱਚ ਚੰਡੀਗੜ੍ਹ ਪੁਲਿਸ ਦੇ ਕੁਲ 147 ਰਿਕਰੂਟ ਸਿਪਾਹੀ ਆਪਣੀ ਮੁੱਢਲੀ ਸਿਖ਼ਲਾਈ ਹਾਸਲ ਕਰਨ ਤੋਂ ਬਾਅਦ ਪਾਸ ਆਊਟ ਹੋਏ। ਇਨ੍ਹਾਂ ਜਵਾਨਾਂ ਨੂੰ ਮੁੱਢਲੀ ਸਿਖ਼ਲਾਈ ਦੌਰਾਨ ਆਊਡੋਰ ਅਤੇ ਇਨਡੋਰ ਵਿਸ਼ਿਆਂ ਵਿੱਚ ਸਿਖ਼ਲਾਈ ਦਿੱਤੀ ਗਈ ਏ । ਪਾਸਿੰਗ ਆਊਟ ਪਰੇਡ ਵਿੱਚ ਇੰਸਪੈਕਟਰ ਜਨਰਲ ਆਫ਼ ਪੁਲਿਸ, ਚੰਡੀਗੜ੍ਹ ਪੁਲਿਸ ਪੁਸ਼ਪਿੰਦਰਾ ਕੁਮਾਰ ਬਤੌਰ ਮੁੱਖ ਮਹਿਮਾਨ ਸ਼ਾਮਿਲ ਹੋਏ ਅਤੇ ਸ਼ਾਨਦਾਰ ਪਾਸਿੰਗ ਆਊਟ ਪਰੇਡ ਤੋਂ ਸਲਾਮੀ ਲਈ ਤੇ ਪਰੇਡ ਦਾ ਨਿਰੀਖਣ ਕੀਤਾ। ਇਸ ਮੌਕੇ ਉਨ੍ਹਾਂ ਨੇ ਟ੍ਰੇਨਿੰਗ ਵਿੱਚ ਪਾਸ ਹੋਣ ’ਤੇ ਸਿਖਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਚੰਗੇ ਪੁਲਿਸ ਅਫ਼ਸਰ ਬਣਨ, ਅਨੁਸ਼ਾਸਨ ਵਿਚ ਰਹਿ ਕੇ ਕਾਨੂੰਨ ਅਨੁਸਾਰ ਸਮਾਜ ਦੀ ਨਿਰਪੱਖਤਾ ਨਾਲ ਸੇਵਾ ਕਰਨ ਦੀ ਪ੍ਰੇਰਨਾ ਦਿੱਤੀ।

ਉਨ੍ਹਾਂ ਸਿਖਿਆਰਥੀਆਂ ਨੂੰ ਟ੍ਰੇਨਿੰਗ ਤੋਂ ਬਾਅਦ ਸਮਾਜ ਅਤੇ ਪੁਲਿਸ ਵਿਭਾਗ ਨੂੰ ਹੋਰ ਬਿਹਤਰ ਬਣਾਉਣ ਲਈ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਮੁੱਖ ਮਹਿਮਾਨ ਵੱਲੋਂ ਸਿਖ਼ਲਾਈ ਦੌਰਾਨ ਵਧੀਆ ਕਾਰਗੁਜ਼ਾਰੀ ਦਿਖਾਉਣ ਵਾਲੇ ਜਵਾਨਾਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ।

--------------------------------------------------------------------------------

• ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਅੱਜ ਹਿੰਦੁਸਤਾਨ ਏਅਰੋਨਾਟਿਕਸ ਲਿਮਟਿਡ ਦੇ ਨਾਸਿਕ ਸਥਿਤ ਨਿਰਮਾਣ ਕੇਂਦਰ ਵਿੱਚ ਬਣੇ ਪਹਿਲੇ ਤੇਜਸ LCA Mk-1A ਲੜਾਕੂ ਜਹਾਜ਼ ਦਾ ਕੀਤਾ ਉਦਘਾਟਨ-ਕਿਹਾ

• ਇਹ ਜਹਾਜ਼, ਰੱਖਿਆ ਖੇਤਰ ਵਿੱਚ ਦੇਸ਼ ਦੀ ਆਤਮ -ਨਿਰਭਰਤਾ ਦਾ ਪ੍ਰਤੀਕ ਏ ।

• -ਚੰਡੀਗੜ੍ਹ ਦੀ ਸੀ.ਬੀ.ਆਈ ਅਦਾਲਤ ਨੇ ਭ੍ਰਿਸ਼ਟਾਚਾਰ ਦੇ ਮਾਮਲੇ ਵਿੱਚ ਗ੍ਰਿਫ਼ਤਾਰੀ ਤੋਂ ਬਾਅਦ ਪੰਜਾਬ ਪੁਲਿ ਦੇ DIG ਰੋਪੜ ਰੇਂਜ, ਹਰਚਰਨ ਸਿੰਘ ਭੁੱਲਰ ਨੂੰ ਅੱਜ 14 ਦਿਨਾਂ ਦੀ ਨਿਆਂਇਕ ਹਿਰਾਸਤ ਵਿੱਚ ਭੇਜਿਆ ।

- ਰਾਸ਼ਟਰੀ ਮਹਿਲਾ ਕਮਿਸ਼ਨ ਦੇ ਮੈਂਬਰ ਵੱਲੋਂ ਪਟਿਆਲਾ ‘ਚ ਮਹਿਲਾ ਜਨ ਸੁਣਵਾਈ ਕਿਹਾ - ਔਰਤਾਂ ਨੂੰ ਨਿਆਂ ਪ੍ਰਦਾਨ ਕਰਨ ‘ਚ ਦੇਰੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।
- ਤਰਨਤਾਰਨ ਜ਼ਿਮਨੀ ਚੋਣ ਲਈ ਨਾਮਜ਼ਦਗੀਆਂ ਦੇ ਪੰਜਵੇਂ ਦਿਨ ਛੇ ਨਾਮਜ਼ਦਗੀ ਪੱਤਰ ਦਾਖ਼ਲ ਹੋਏ।
  - -ਫਿਰੋਜ਼ਪੁਰ ਡਿਵੀਜ਼ਨ ਦੇ ਰੇਲਵੇ ਸੁਰੱਖਿਆ ਬਲ ਨੇ 'ਆਪ੍ਰੇਸ਼ਨ ਨੰਨ੍ਹੇ ਫਰਿਸ਼ਤੇ' ਦੇ ਤਹਿਤ 143 ਲਾਪਤਾ, ਭਗੌੜੇ ਜਾਂ ਅਗਵਾ ਕੀਤੇ ਗਏ ਬੱਚਿਆਂ ਨੂੰ ਸੁਰੱਖਿਅਤ ਢੰਗ ਨਾਲ ਉਨ੍ਹਾਂ ਦੇ ਪਰਿਵਾਰਾਂ ਨਾਲ ਮਿਲਵਾਇਆ।

ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,
ਰਾਸ਼ਟਰੀ
ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ
ਨਮਸਕਾਰ !